# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਫਰਾਂਸ ਦੀ ਸਫਲ ਯਾਤਰਾ ਤੋਂ ਬਾਅਦ ਅੱਜ ਸਵੇਰੇ ਵਾਸ਼ਿੰਗਟਨ ਪਹੁੰਚੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਦੁਵੱਲੀ ਗੱਲਬਾਤ ਕਰਨਗੇ। ਹਵਾਈ ਅੱਡੇ 'ਤੇ ਪ੍ਰਧਾਨ ਮੰਤਰੀ ਮੋਦੀ ਦਾ ਅਮਰੀਕਾ ਵਿੱਚ ਭਾਰਤੀ ਰਾਜਦੂਤ ਵਿਨੈ ਮੋਹਨ ਕਵਾਤਰਾ ਅਤੇ ਹੋਰਨਾਂ ਅਧਿਕਾਰੀਆਂ ਨੇ ਸਵਾਗਤ ਕੀਤਾ।

---------------------------------------------------------------------

ਅੱਜ ਵਿਸ਼ਵ ਰੇਡੀਓ ਦਿਵਸ ਏ । ਵਿਸ਼ਵ ਰੇਡੀਓ ਦਿਵਸ ਹਰ ਸਾਲ 13 ਫਰਵਰੀ ਨੂੰ ਰੇਡੀਓ ਦੀ ਮਹੱਤਤਾ ਬਾਰੇ ਜਾਗਰੂਕਤਾ ਵਧਾਉਣ ਅਤੇ ਰੇਡੀਓ ਰਾਹੀਂ ਜਾਣਕਾਰੀ ਤੱਕ ਪਹੁੰਚ ਨੂੰ ਉਤਸ਼ਾਹਤ ਕਰਨ ਲਈ ਮਨਾਇਆ ਜਾਂਦਾ ਏ । ਇਹ ਰੇਡੀਓ ਦੀ ਵਿਲੱਖਣ ਉਪਯੋਗਤਾ ਨੂੰ ਯਾਦ

ਕਰਨ ਦਾ ਦਿਨ ਵੀ ਏ ਜੋ ਦੁਨੀਆ ਦੇ ਹਰ ਹਿੱਸੇ ਵਿੱਚ ਲੋਕਾਂ ਤੱਕ ਪਹੁੰਚਦਾ ਏ ਅਤੇ ਲੋਕਾਂ ਨੂੰ ਇਕਜੁੱਟ ਕਰਦਾ ਐ। ਇਸ ਸਾਲ ਦੇ ਵਿਸ਼ਵ ਰੇਡੀਓ ਦਿਵਸ ਦਾ ਵਿਸ਼ਾ 'ਰੇਡੀਓ ਅਤੇ ਜਲਵਾਯੂ ਤਬਦੀਲੀ' ਰੱਖਿਆ ਗਿਆ ਏ। ਯੂਨੈਸਕੋ ਦੇ ਡਾਇਰੈਕਟਰ-ਜਨਰਲ ਔਡਰੀ ਅਜ਼ੌਲੇ ਨੇ ਇਸ ਮੌਕੇ ਕਿਹਾ ਕਿ ਵਿਸ਼ਵ ਰੇਡੀਓ ਦਿਵਸ ਸੰਚਾਰ ਦੇ ਇਸ ਸਥਾਈ, ਬਹੁਪੱਖੀ ਅਤੇ ਵਿਆਪਕ ਤੌਰ' ਤੇ ਪਹੁੰਚਯੋਗ ਮਾਧਿਅਮ ਦਾ ਜਸ਼ਨ ਮਨਾਉਣ ਦਾ ਇੱਕ ਮੌਕਾ ਏ। ਆਪਣੇ ਸੰਦੇਸ਼ ਵਿੱਚ ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਕੁਮਾਰ ਸਹਿਗਲ ਨੇ ਕਿਹਾ ਕਿ ਖ਼ਬਰਾਂ ਅਤੇ ਸੂਚਨਾਵਾਂ ਦਾ ਪ੍ਰਸਾਰ ਕਰਦੇ ਹੋਏ, ਰੇਡੀਓ ਰਾਸ਼ਟਰ ਦੇ ਸੱਭਿਆਚਾਰਕ ਅਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ। BYTE: ਸਰੋਤਿਆਂ ਨੂੰ ਵਧਾਈ ਦਿੰਦੇ ਹੋਏ ਪ੍ਰਸਾਰ ਭਾਰਤੀ ਦੇ ਮੁਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ ਨੇ ਕਿਹਾ ਕਿ ਜਿੱਥੇ ਆਕਾਸ਼ਵਾਣੀ ਨੇ ਭਾਰਤ ਦੇ ਅਮੀਰ ਸੱਭਿਆਚਾਰ ਅਤੇ ਰਿਵਾਇਤਾਂ ਦਾ ਪ੍ਰਸਾਰ ਕੀਤਾ ਏ, ਉੱਥੇ ਹੀ ਇਸ ਨੇ ਲੋਕਾਂ ਨੂੰ ਭਾਰਤ ਵਿੱਚ ਵਿਗਿਆਨਕ ਪ੍ਰਗਤੀ ਦੀ ਯਾਤਰਾ ਨਾਲ ਵੀ ਜੋੜਿਆ ਏ। ਇਸ ਮੌਕੇ ਵਧਾਈਆਂ

ਦਿੰਦਿਆਂ ਆਕਾਸ਼ਵਾਣੀ ਦੇ ਡਾਇਰੈਕਟਰ ਜਨਰਲ ਡਾ. ਪ੍ਰੱਗਿਆ ਪਾਲੀਵਾਲ ਗੋੜ ਨੇ ਕਿਹਾ ਕਿ ਲਗਭਗ 9 ਦਹਾਕਿਆਂ ਤੋਂ ਆਕਾਸ਼ਵਾਣੀ ਸਰੋਤਿਆਂ ਨੂੰ ਜਾਣਕਾਰੀ, ਸਿੱਖਿਆ ਅਤੇ ਮਨੋਰੰਜਨ ਪ੍ਰਦਾਨ ਕਰ ਰਹੀ ਏ।BYTE:

------------------------------------------------------------------------

ਸੂਬੇ ਦੇ ਲੋਕਾਂ ਦਾ ਸੋਸ਼ਣ ਕਰਨ ਵਾਲੇ ਧੋਖੇਬਾਜ ਇਮੀਗ੍ਰੇਸਨ ਸਲਾਹਕਾਰਾਂ ‘ਤੇ ਆਪਣੀ ਕਾਰਵਾਈ ਜਾਰੀ ਰੱਖਦਿਆਂ ਪੰਜਾਬ ਪੁਲਿਸ ਵੱਲੋਂ ਗਠਿਤ ਵਿਸੇਸ ਜਾਂਚ ਟੀਮ SIT ਵੱਲੋਂ ਟ੍ਰੈਵਲ ਏਜੰਟਾਂ ਖਿਲਾਫ ਦੋ ਹੋਰ ਮਾਮਲੇ ਦਰਜ ਕੀਤੇ ਗਏ ਨੇ । ਇਨਾ ਨਵੇਂ ਮਾਮਲੇਉਨਾਂ ਏਜੰਟਾਂ ਵਿਰੁੱਧ ਦਰਜ ਕੀਤੇ ਗਏ ਨੇ ਜਿਨਾਂ ਨੇ ਕਥਿਤ ਤੌਰ ‘ਤੇ ਪੀੜਤਾਂ ਨੂੰ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵੇਸ ਦੀ ਸਹੂਲਤ ਦੇਣ ਦੇ ਝੂਠੇ ਵਾਅਦੇ ਕਰਕੇ ਧੋਖਾ ਦਿੱਤਾ ਸੀ, ਜਿਸ ਦੇ ਨਤੀਜੇ ਵਜੋਂ ਉਨਾਂ ਨੂੰ ਡਿਪੋਰਟ ਕੀਤਾ ਗਿਆ ਸੀ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਧੋਖਾਧੜੀ ਕਰਨ ਵਾਲੇ ਇਮੀਗ੍ਰੇਸਨ ਨੈੱਟਵਰਕਾਂ ਵਿਰੁੱਧ ਕਾਰਵਾਈ ਕਰਨ ਅਤੇ ਨਾਗਰਿਕਾਂ ਦੇ ਸੋਸ਼ਣ ਨੂੰ ਖਤਮ ਕਰਨ ਲਈ ਪੰਜਾਬ ਪੁਲਿਸ ਦੀ ਦ੍ਰਿੜ ਵਚਨਬੱਧਤਾ ਦੁਹਰਾਉਂਦਿਆਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ

ਉਹ, ਅਜਿਹੀ ਹਰ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ, ਜੋ ਇਨਾਂ ਦੋਸੀਆਂ ਨੂੰ ਫੜਨ ਵਿੱਚ ਮਦਦ ਕਰ ਸਕਦੀ ਹੋਵੇ। ਉਹਨਾਂ  ਕਿਹਾ ਕਿ ਲੋਕਾਂ ਨੂੰ ਇਸ ਬਾਰੇ ਜਾਗਰੂਕ ਹੋਣਾ ਚਾਹੀਦਾ ਏ ਤਾਂ ਜੋ ਦੂਜਿਆਂ ਨੂੰ ਅਜਿਹੇ ਧੋਖੇਬਾਜ ਇਮੀਗ੍ਰੇਸਨ ਸਲਾਹਕਾਰਾਂ ਤੋਂ ਬਚਾਇਆ ਜਾ ਸਕੇ।

---

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਮੱਛੀ ਉਤਪਾਦਨ ਅਤੇ ਐਕੁਆਕਲਚਰ ਦੇ ਵਿਕਾਸ ਲਈ ਕੀਤੇ ਗਏ ਵੱਖ-ਵੱਖ ਉਪਾਵਾਂ ਸਦਕਾ ਪੰਜਾਬ ਵਿੱਚ ਮੱਛੀ ਪਾਲਣ ਦੇ ਖੇਤਰ ਵਿੱਚ ਜਿਕਰਯੋਗ ਵਾਧਾ ਹੋਇਆ ਏ । ਉਨਾਂ ਦੱਸਿਆ ਕਿ ਸੂਬਾ ਸਰਕਾਰ ਦੇ ਮੱਛੀ ਪੂੰਗ ਫਾਰਮਾਂ ਤੋਂ ਸਾਲਾਨਾ 14 ਕਰੋੜ ਤੋਂ ਵੱਧ ਉੱਚ ਗੁਣਵੱਤਾ ਵਾਲੇ ਮੱਛੀ ਪੂੰਗ ਪੈਦਾ ਕੀਤੇ ਜਾ ਰਹੇ ਨੇ । ਇਹ ਪੂੰਗ ਕਿਸਾਨਾਂ ਨੂੰ ਸਬਸਿਡੀ ‘ਤੇ ਪ੍ਰਦਾਨ ਕੀਤੇ ਜਾ ਰਿਹਾ ਏ । ਉਨਾਂ ਦੱਸਿਆ ਕਿ ਸੂਬੇ ਵਿੱਚ 16 ਸਰਕਾਰੀ ਮੱਛੀ ਪੂੰਗ ਫਾਰਮ, 11 ਮੱਛੀ ਫੀਡ ਮਿੱਲਾਂ ਅਤੇ 7 ਲਬੋਟਰੀਆਂ ਉਪਲੱਬਧ ਨੇ ।
ਮੰਤਰੀ ਨੇ ਦੱਸਿਆ ਕਿ ਸੂਬੇ ਦੇ ਨੌਜਵਾਨਾਂ ਅਤੇ ਔਰਤਾਂ ਨੂੰ ਵੱਖ-ਵੱਖ ਪ੍ਰਾਜੈਕਟਾਂ ਨੂੰ ਅਪਣਾਉਣ ਲਈ ਯੂਨਿਟ ਸਥਾਪਤ ਕਰਨ ਦੀ ਲਾਗਤ ਦੇ

40 ਫੀਸਦ ਤੋਂ 60 ਫੀਸਦ ਤੱਕ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਏ । ਉਨਾਂ ਦੱਸਿਆ ਕਿ ਪਿਛਲੇ ਸਾਲ 500 ਤੋਂ ਵੱਧ ਲਾਭਪਾਤਰੀਆਂ ਨੂੰ ਲਗਭਗ 27 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਮੱਛੀ ਅਤੇ ਝੀਂਗਾ ਪਾਲਣ ਸਬੰਧੀ ਮੁੱਢਲੀ ਸਿਖਲਾਈ ਹਰ ਮਹੀਨੇ ਮੁਫਤ ਪ੍ਰਦਾਨ ਕੀਤੀ ਜਾ ਰਹੀ ਏ । ਇਸ ਤੋਂ ਇਲਾਵਾ ਮੱਛੀਆਂ ਲਈ ਤਲਾਬ ਤਿਆਰ ਕਰਨ, ਪੂੰਗ ਦੇ ਭੰਡਾਰਨ, ਮੱਛੀ ਪਾਲਣ ਅਤੇ ਤਿਆਰ ਮੱਛੀ ਪ੍ਰਾਪਤ ਕਰਨ ਲਈ ਤਕਨੀਕੀ ਸਹਾਇਤਾ ਵੀ ਪ੍ਰਦਾਨ ਕੀਤੀ ਜਾ ਰਹੀ ਏ । ਉਨਾਂ ਦੱਸਿਆ ਕਿ ਫਾਜਿਲਕਾ ਜਿਲੇ ਦੇ ਪਿੰਡ ਕਿੱਲਿਆਂਵਾਲੀ ਵਿਖੇ ਨਵਾਂ ਸਰਕਾਰੀ ਮੱਛੀ ਪੂੰਗ ਫਾਰਮ ਅਤੇ ਜਿਲਾ ਪਟਿਆਲਾ ਦੇ ਪਿੰਡ ਘਲੋੜੀ ਵਿਖੇ ਨਵੀਂ ਮੱਛੀ ਮੰਡੀ ਦੀ ਸਥਾਪਨਾ ਕੀਤੀ ਗਈ ਏ । ਉਨ੍ਹਾਂ ਸੂਬੇ ਦੇ ਕਿਸਾਨਾਂ ਨੂੰ ਆਪਣੀ ਆਮਦਨ ਵਿੱਚ ਵਾਧਾ ਕਰਨ ਲਈ ਖੇਤੀਬਾੜੀ ਦੇ ਸਹਾਇਕ ਧੰਦਿਆਂ ਨੂੰ ਅਪਣਾਉਣ ਦੀ ਅਪੀਲ ਵੀ ਕੀਤੀ। ਉਨਾਂ ਕਿਹਾ ਕਿ ਸੂਬੇ ਦੇ 6 ਮੱਛੀ ਅਤੇ ਝੀਂਗਾ ਪਾਲਕਾਂ ਨੂੰ ਮੱਛੀ ਪਾਲਣ ਵਿਭਾਗ ਵੱਲੋਂ ਨਵੀਂ ਦਿੱਲੀ ਵਿਖੇ 76ਵੇਂ ਗਣਤੰਤਰ ਦਿਵਸ ਮੌਕੇ ਸਨਮਾਨਿਤ ਵੀ ਕੀਤਾ ਗਿਆ ਏ ।

---------------------------------------------------------------------

ਭਾਰਤੀ ਰਿਜ਼ਰਵ ਬੈਂਕ ਨੇ ਸਾਰੇ ਬੈਂਕਾਂ ਨੂੰ ਇਸ ਸਾਲ 31 ਮਾਰਚ ਨੂੰ ਸਰਕਾਰੀ ਕਾਰੋਬਾਰ ਲਈ ਆਪਣੀਆਂ ਸਾਰੀਆਂ ਸ਼ਾਖਾਵਾਂ ਖੁੱਲ੍ਹੀਆਂ ਰੱਖਣ ਲਈ ਸਲਾਹ ਜਾਰੀ ਕੀਤੀ ਏ । ਕੇਂਦਰੀ ਬੈਂਕ ਨੇ ਕਿਹਾ ਕਿ ਸਰਕਾਰੀ ਪ੍ਰਾਪਤੀਆਂ ਅਤੇ ਅਦਾਇਗੀਆਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਵਾਉਣ ਵਾਲੀਆਂ ਬੈਂਕਾਂ ਦੀਆਂ ਸਾਰੀਆਂ ਸ਼ਾਖਾਵਾਂ 31 ਮਾਰਚ ਤੋਂ ਖੁੱਲ੍ਹੀਆਂ ਰਹਿਣਗੀਆਂ, ਤਾਂ ਜੋ ਵਿੱਤੀ ਸਾਲ 2024-25 ਲਈ ਅਦਾਇਗੀਆਂ ਅਤੇ ਪ੍ਰਾਪਤੀਆਂ ਦੇ ਨਿਪਟਾਰੇ ਦੀ ਸਹੂਲਤ ਦਿੱਤੀ ਜਾ ਸਕੇ।